# ਪੰਜਾਬੀ ਵਿਕਾਸ ਮੰਚ (ਕਾਨੂੰਨੀ)

(ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਦੀ ਸ਼ਾਖਾ)


ਹਵਾਲਾ ਨੰ: 84-85 ਮਿਤੀ: 17.07.2022


**ਕਾਨੂੰਨੀ ਸਲਾਹਕਾਰ / ਵਕੀਲ**

**ਸ੍ਰੀ ਹਰੀ ਚੰਦ ਅਰੋੜਾ**
ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ
ਮੋ.: 98140-13764

**ਸ੍ਰੀ ਹਰੀਸ਼ ਰਾਏ ਢਾਂਡਾ**
ਲੁਧਿਆਣਾ
ਮੋ.: 98141-20300

**ਸ੍ਰੀ ਮਿੱਤਰ ਸੈਨ ਮੀਤ**
ਲੁਧਿਆਣਾ
ਮੋ.: 98556-31777

**ਸੰਚਾਲਕ**

**ਸ੍ਰ ਦਵਿੰਦਰ ਸਿੰਘ ਸੇਖਾ**
ਮੋ.: 98140-70581

**ਪ੍ਰੋ ਇੰਦਰਪਾਲ ਸਿੰਘ**
ਮੋ.: 82838-11912

**ਸ੍ਰ ਸੁਖਇੰਦਰ ਪਾਲ ਸਿੰਘ**
ਮੋ.: +1 (780) 884 0788

**ਸ੍ਰ ਆਰ. ਪੀ. ਸਿੰਘ**
ਮੋ.: 97790 48083


ਸੇਵਾ ਵਿਖੇ

ਮੁੱਖ ਸਕੱਤਰ
ਪੰਜਾਬ ਸਰਕਾਰ,
ਚੰਡੀਗੜ੍ਹ।

***ਵਿਸ਼:*** ਪੰਜਾਬ ਪਬਲਿਕ ਸਰਵਿਸ ਕਮਿਸ਼ਨ ਦੇ ਚੇਅਰਮੈਨ ਸਾਹਿਬ ਨੂੰ ਪੰਜਾਬ ਸਰਕਾਰ ਦੇ ਹੁਕਮ ਮਿਤੀ 02 ਫਰਵਰੀ 2022 ਅਤੇ 'ਪੰਜਾਬ ਰਾਜ ਭਾਸ਼ਾ ਐਕਟ 1967' ਦੀਆਂ ਵਿਵਸਥਾਵਾਂ ਦੀ ਸਖਤੀ ਨਾਲ ਪਾਲਣਾ ਕਰਨ ਦੀ ਹਦਾਇਤ ਜਾਰੀ ਕਰਨ ਲਈ **ਮੰਗ ਪੱਤਰ।**

ਸ੍ਰੀ ਮਾਨ ਜੀ

ਪੰਜਾਬੀ ਵਿਕਾਸ ਮੰਚ(ਕਾਨੂੰਨੀ) ਪੰਜਾਬੀ ਭਾਸ਼ਾ ਨੂੰ ਦਰਪੇਸ਼ ਸਮੱਸਿਆਵਾਂ ਨੂੰ ਕਾਨੂੰਨ ਦੀਆਂ ਵਿਵਸਥਾਵਾਂ ਰਾਹੀਂ ਸਲਝਾਉਣ ਲਈ ਸਥਾਪਤ ਕੀਤੀ ਗਈ ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਦੀ ਇਕ ਸ਼ਾਖਾ ਹੈ। ਮੈਂ ਇਸ ਸੰਸਥਾ ਦਾ ਕਾਨੂੰਨੀ ਸਲਾਹਕਾਰ ਹਾਂ।

ਮੰਚ ਵਲੋਂ ਆਪਜੀ ਨੂੰ ਹੇਠ ਲਿਖੀ ਬੇਨਤੀ ਕੀਤੀ ਜਾਂਦੀ ਹੈ।

1. ਲੋਕਾਂ ਦੀ ਪੁਰਜੋਰ ਮੰਗ ਤੇ ਪੰਜਾਬ ਸਰਕਾਰ ਵਲੋਂ ਆਪਣੇ ਹੁਕਮ ਮਿਤੀ 02 ਫਰਵਰੀ 2022 ਰਾਹੀਂ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਨੂੰ ਹਦਾਇਤ ਕੀਤੀ ਗਈ ਸੀ ਕਿ ਉਹ ਆਪਣੇ ਇਮਤਿਹਾਨ ਅੰਗਰੇਜ਼ੀ ਭਾਸ਼ਾ ਦੇ ਨਾਲ ਨਾਲ ਪੰਜਾਬੀ ਭਾਸ਼ਾ ਵਿਚ ਵੀ ਲਵੇ। ਪਰ 'ਪੰਜਾਬ ਰਾਜ ਭਾਸ਼ਾ ਐਕਟ 1967' ਅਤੇ ਇਸ ਹੁਕਮ ਦੀ ਉਲੰਘਣਾ ਕਰਕੇ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਵੱਲੋਂ ਫਰਵਰੀ 2022 ਤੋਂ ਬਾਅਦ ਵੀ ਲਏ ਜਾ ਰਹੇ ਇਮਤਿਹਾਨ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਹੀ ਲਏ ਜਾ ਰਹੇ ਹਨ। ਉਮੀਦਵਾਰਾਂ ਵੱਲੋਂ ਆਪਣੇ ਨਾਲ ਹੋਈ ਇਸ ਬੇਇਨਸਾਫ਼ੀ ਬਾਰੇ ਅਖ਼ਬਾਰਾਂ ਵਿਚ ਬਿਆਨ ਦਿੱਤੇ ਜਾਂਦੇ ਹਨ। ਕਈ ਵਾਰ ਪੀੜਤਾਂ ਵਲੋਂ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਚ ਚਾਰਾਜੋਈ ਵੀ ਕੀਤੀ ਜਾਂਦੀ ਹੈ। ਕਮਿਸ਼ਨ ਵੱਲੋ ਨਿਯਮਾਂ ਦੀ ਕੀਤੀ ਜਾਂਦੀ ਇਸ ਉਲੰਘਣਾ ਕਾਰਨ ਇੱਕ ਪਾਸੇ ਘੱਟ ਅੰਗਰੇਜ਼ੀ ਜਾਣਦੇ ਵਾਲੇ ਬੇਰੁਜ਼ਗਾਰ ਨੌਜਵਾਨਾਂ ਵਿਚ ਰੋਸ ਅਤੇ ਘਬਰਾਹਟ ਪੈਦਾ ਹੁੰਦੀ ਹੈ। ਦੂਜੇ ਪਾਸੇ

ਹਰੀ ਚੰਦ ਅਰੋੜਾ


PUNJABI VIKAS MANCH (LEGAL)
(A WING OF PUNJABI BHASHA PASAAR BHAICHARA)
E-mail : punjabivmanch@gmail.com
Website : https://punjabibpb.in
ਮੁੱਖ ਦਫ਼ਤਰ : 297, ਗਲੀ ਨੰ. 5, ਉਪਕਾਰ ਨਗਰ, ਸਿਵਿਲ ਲਾਈਨਜ਼, ਲੁਧਿਆਣਾ - 141001

ਇਸ ਬੇਨਿਯਮੀ ਕਾਰਨ ਅਦਾਲਤਾਂ ਵੱਲੋਂ ਭਰਤੀ ਉੱਪਰ ਰੋਕ ਲਗਾ ਦਿੱਤੀ ਜਾਂਦੀ ਹੈ। ਨਵੀਂ ਉਦਾਹਰਣ, ਨਾਇਬ ਤਹਿਸੀਲਦਾਰ ਦੀਆਂ ਨੌਕਰੀਆਂ ਲਈ ਇਮਤਿਹਾਨ ਵਿਚ ਬੈਠੇ ਉਮੀਦਵਾਰਾਂ ਵੱਲੋਂ, ਇਸੇ ਅਧਾਰ ਤੇ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਚ ਇਮਤਿਹਾਨ ਨੂੰ ਦਿੱਤੀ ਚੁਣੌਤੀ ਦੀ ਲਈ ਜਾ ਸਕਦੀ ਹੈ। ਜ਼ਿਕਰਯੋਗ ਹੈ ਕਿ ਮਾਣਯੋਗ ਹਾਈ ਕੋਰਟ ਵੱਲੋਂ ਇਸ ਇਮਤਿਹਾਨ ਦੇ ਨਤੀਜੇ ਉੱਪਰ ਆਰਜ਼ੀ ਰੋਕ ਵੀ ਲਗਾ ਦਿੱਤੀ ਗਈ ਹੈ।

2. ਜੇ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਵੱਲੋਂ ਪੰਜਾਬ ਰਾਜ ਭਾਸ਼ਾ ਐਕਟ 1967 ਅਤੇ ਪੰਜਾਬ ਸਰਕਾਰ ਦੇ ਹੁਕਮ ਮਿਤੀ 02-02-2022 ਦੀ ਜਾਣ ਬੁੱਝ ਕੇ ਉਲੰਘਣਾ ਕਰਨੀ ਜਾਰੀ ਰੱਖੀ ਗਈ ਤਾਂ ਅਗੋਂ ਤੋਂ ਕਮਿਸ਼ਨ ਵੱਲੋਂ ਲਏ ਗਏ, ਲਗਭਗ ਹਰ ਇਮਤਿਹਾਨ ਦੇ ਨਤੀਜੇ ਤੇ ਰੋਕ ਲੱਗਦੀ ਰਹੇਗੀ। ਅਤੇ ਪੰਜਾਬ ਸਰਕਾਰ ਨੂੰ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦਾ ਆਪਣਾ ਵਾਅਦਾ ਪੂਰਾ ਕਰਨਾ ਲਗਭਗ ਅਸੰਭਵ ਹੋ ਜਾਵੇਗਾ।

3. ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਵੱਲੋਂ ਮਿਤੀ 7 ਜੁਲਾਈ 2019 ਨੂੰ ਇਕ ਪੱਤਰ ਲਿਖ ਕੇ ਚੇਅਰਮੈਨ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਨੂੰ ਕਮਿਸ਼ਨ ਵੱਲੋਂ ਲਏ ਜਾਂਦੇ ਇਮਤਿਹਾਨ ਅੰਗਰੇਜ਼ੀ ਦੇ ਨਾਲ ਨਾਲ ਪੰਜਾਬੀ ਵਿਚ ਲਏ ਜਾਣ ਵਾਲੀ ਬੇਨਤੀ ਕੀਤੀ ਗਈ ਸੀ। ਖੇਦ ਹੈ ਕਿ ਕਮਿਸ਼ਨ ਵੱਲੋਂ ਇਸ ਬੇਨਤੀ ਨੂੰ ਅਣਗੌਲਿਆਂ ਕਰ ਦਿੱਤਾ ਗਿਆ।

4. ਪੰਜਾਬੀ ਵਿਕਾਸ ਮੰਚ (ਕਾਨੂੰਨੀ) ਵੱਲੋਂ ਵੀ ਮਿਤੀ 25-05-2022 ਨੂੰ ਐਡਵੋਕੇਟ ਜਨਰਲ ਪੰਜਾਬ ਨੂੰ ਇਸ ਬੇਨਿਯਮੀ ਬਾਰੇ ਅਤੇ ਲਗਾਤਾਰ ਕੀਤੀ ਜਾਣ ਵਾਲੀ ਉਲੰਘਣਾ ਕਾਰਨ ਨਿਕਲਣ ਵਾਲੇ ਸਿੱਟਿਆਂ ਬਾਰੇ ਜਾਣੂ ਕਰਵਾਇਆ ਗਿਆ ਸੀ। ਇਸ ਚਿੱਠੀ ਦਾ ਉਤਾਰਾ ਆਪ ਜੀ ਨੂੰ ਅਤੇ ਮੁੱਖ ਮੰਤਰੀ ਪੰਜਾਬ ਜੀ ਨੂੰ ਵੀ ਭੇਜਿਆ ਗਿਆ ਸੀ (ਪੱਤਰ ਦੀ ਨਕਲ ਨੱਥੀ ਹੈ)। ਖੇਦ ਹੈ ਕਿ ਇਸ ਗੰਭੀਰ ਮਾਮਲੇ ਬਾਰੇ ਆਪ ਜੀ ਸਮੇਤ ਕਿਸੇ ਵੀ ਉੱਚ ਅਧਿਕਾਰੀ ਨੇ ਕੋਈ ਕਾਰਵਾਈ ਨਹੀਂ ਕੀਤੀ।

ਇਸ ਮੰਗ ਪੱਤਰ ਰਾਹੀਂ ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪ ਪਬਲਿਕ ਸਰਵਿਸ ਕਮਿਸ਼ਨ ਦੇ ਚੇਅਰਮੈਨ ਸਾਹਿਬ ਨੂੰ ਹਦਾਇਤ ਕਰੋ ਕਿ ਉਹ ਪੰਜਾਬ ਸਰਕਾਰ ਦੇ ਇਸ ਹੁਕਮ ਮਿਤੀ 02-02-2022 ਦੀ, ਇੱਕ

ਮਹੀਨੇ ਦੇ ਅੰਦਰ ਅੰਦਰ ਕਰਨਾ, ਪਾਲਣਾ ਕਰਨਾ ਯਕੀਨੀ ਬਣਾਉਣ। ਨਹੀਂ ਤਾਂ ਮਜਬੂਰੀ ਵਸ ਸਾਨੂੰ ਬਣਦੀ ਕਾਨੂੰਨੀ ਕਾਰਵਾਈ ਕਰਨੀ ਪਵੇਗੀ।

ਮਿਤੀ: 17 ਜੁਲਾਈ 2022

ਆਪ ਜੀ ਦਾ ਸ਼ੁਭਚਿੰਤਕ

(ਵਕੀਲ ਹਰੀ ਚੰਦ ਅਰੋੜਾ)

ਕਾਨੂੰਨੀ ਸਲਾਹਕਾਰ

ਨੱਥੀ: ***ਚਿੱਠੀ ਮਿਤੀ 7 ਜੁਲਾਈ 2019 ਅਤੇ ਮਿਤੀ 25.05.2022***

ਉਤਾਰਾ:

1. ਚੇਅਰਮੈਨ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਪਟਿਆਲਾ।